ਰਾਗੁ ਮਾਰੂ ਬਾਣੀ ਕਬੀਰ ਜੀਉ ਕੀ ੴ ਸਤਿਗੁਰ ਪ੍ਰਸਾਦਿ ॥ ਅਨਭਉ ਕਿਨੈ ਨ ਦੇਖਿਆ ਬੈਰਾਗੀਅੜੇ ॥ ਬਿਨੁ ਭੈ ਅਨਭਉ ਹੋਇ ਵਣਾਹੰਬੈ ॥੧॥ ਸਹੁ ਹਦੂਰਿ ਦੇਖੈ ਤਾਂ ਭਉ ਪਵੈ ਬੈਰਾਗੀਅੜੇ ॥ ਹੁਕਮੈ ਬੂਝੈ ਤ ਨਿਰਭਉ ਹੋਇ ਵਣਾਹੰਬੈ ॥੨॥ ਹਰਿ ਪਾਖੰਡੁ ਨ ਕੀਜਈ ਬੈਰਾਗੀਅੜੇ ॥ ਪਾਖੰਡਿ ਰਤਾ ਸਭੁ ਲੋਕੁ ਵਣਾਹੰਬੈ ॥੩॥ ਤ੍ਰਿਸਨਾ ਪਾਸੁ ਨ ਛੋਡਈ ਬੈਰਾਗੀਅੜੇ ॥ ਮਮਤਾ ਜਾਲਿਆ ਪਿੰਡੁ ਵਣਾਹੰਬੈ ॥੪॥ ਚਿੰਤਾ ਜਾਲਿ ਤਨੁ ਜਾਲਿਆ ਬੈਰਾਗੀਅੜੇ ॥ ਜੇ ਮਨੁ ਮਿਰਤਕੁ ਹੋਇ ਵਣਾਹੰਬੈ ॥੫॥ ਸਤਿਗੁਰ ਬਿਨੁ ਬੈਰਾਗੁ ਨ ਹੋਵਈ ਬੈਰਾਗੀਅੜੇ ॥ ਜੇ ਲੋਚੈ ਸਭੁ ਕੋਇ ਵਣਾਹੰਬੈ ॥੬॥ ਕਰਮੁ ਹੋਵੈ ਸਤਿਗੁਰੁ ਮਿਲੈ ਬੈਰਾਗੀਅੜੇ ॥ ਸਹਜੇ ਪਾਵੈ ਸੋਇ ਵਣਾਹੰਬੈ ॥੭॥ ਕਹੁ ਕਬੀਰ ਇਕ ਬੇਨਤੀ ਬੈਰਾਗੀਅੜੇ ॥ ਮੋ ਕਉ ਭਉਜਲੁ ਪਾਰਿ ਉਤਾਰਿ ਵਣਾਹੰਬੈ ॥੮॥੧॥੮॥ {ਪੰਨਾ 1104}

ਪਦਅਰਥ:- ਅਨਭਉ—{Skt. AnuBv—Direct perception or cognition} ਝਲਕਾਰਾ, ਆਤਮਕ ਗਿਆਨ। ਕਿਨੈ—ਕਿਸੇ ਮਨੁੱਖ ਨੇ। ਨ ਦੇਖਿਆ—ਪਰਮਾਤਮਾ ਨੂੰ ਇਹਨਾਂ ਅੱਖਾਂ ਨਾਲ ਨਹੀਂ ਵੇਖਿਆ। ਬੈਰਾਗੀਅੜੇ—ਹੇ ਅੰਞਾਣ ਵੈਰਾਗੀ! ਬਿਨੁ ਭੈ—ਸੰਸਾਰਕ ਡਰਾਂ ਤੋਂ ਰਹਿਤ। ਹੋਇ—ਹੁੰਦਾ ਹੈ, ਪਰਗਟ ਹੁੰਦਾ ਹੈ। ਵਣਾਹੰਬੈ—ਇਹ ਲਫ਼ਜ਼ ਛੰਦ ਦੀ ਸਿਰਫ਼ ਪਦ-ਪੂਰਤੀ ਲਈ ਹੈ, ਇਸ ਦਾ ਅਰਥ ਕੋਈ ਨਹੀਂ ਹੈ, ਜਿਵੇਂ 'ਫੁਨਹੇ' ਦੀ ਬਾਣੀ ਵਿਚ ਲਫ਼ਜ਼ 'ਹਰਿਹਾਂ' ਹੈ।1।

ਹਦੂਰਿ—ਹਾਜ਼ਰ-ਨਾਜ਼ਰ, ਅੰਗ-ਸੰਗ। ਭਉ—ਪਰਮਾਤਮਾ ਦਾ ਡਰ। ਪਵੈ—(ਹਿਰਦੇ ਵਿਚ) ਟਿਕਦਾ ਹੈ। ਨਿਰਭਉ—ਦੁਨੀਆ ਦੇ ਡਰਾਂ ਤੋਂ ਰਹਿਤ।2।

ਪਾਖੰਡਿ—ਪਖੰਡ ਵਿਚ। ਰਤਾ—ਰੰਗਿਆ ਹੋਇਆ। ਲੋਕੁ—ਜਗਤ।3।

ਪਾਸੁ—ਪਾਸਾ, ਸਾਥ। ਜਾਲਿਆ—ਸਾੜ ਦਿੱਤਾ ਹੈ। ਪਿੰਡੁ—ਸਰੀਰ।4।

ਜਾਲਿ—ਸਾੜ ਕੇ। ਤਨੁ—ਸਰੀਰ, ਸਰੀਰ ਦਾ ਮੋਹ। ਮਿਰਤਕੁ—ਮੁਰਦਾ, ਤ੍ਰਿਸ਼ਨਾ ਮਮਤਾ ਵਲੋਂ ਮੁਰਦਾ।5।

ਬੈਰਾਗੁ—ਤ੍ਰਿਸ਼ਨਾ ਮਮਤਾ ਵਲੋਂ ਉਪਰਾਮਤਾ। ਸਭੁ ਕੋਇ—ਹਰੇਕ ਜੀਵ।6।

ਕਰਮੁ—ਬਖ਼ਸ਼ਸ਼। ਸਹਜੇ—ਸਹਿਜ ਅਵਸਥਾ ਵਿਚ ਟਿਕ ਕੇ, ਤ੍ਰਿਸ਼ਨਾ ਆਦਿਕ ਵਿਚ ਡੋਲਣ ਤੋਂ ਹਟ ਕੇ।7।

ਮੋ ਕਉ—ਮੈਨੂੰ। ਭਉਜਲੁ—ਸੰਸਾਰ-ਸਮੁੰਦਰ।8।

ਅਰਥ:- ਹੇ ਅੰਞਾਣ ਵੈਰਾਗੀ! (ਪਰਮਾਤਮਾ ਨੂੰ ਇਹਨਾਂ ਅੱਖਾਂ ਨਾਲ ਕਦੇ) ਕਿਸੇ ਨੇ ਨਹੀਂ ਵੇਖਿਆ, ਉਸ ਦਾ ਤਾਂ ਆਤਮਕ ਝਲਕਾਰਾ ਹੀ ਵੱਜਦਾ ਹੈ। ਤੇ, ਇਹ ਆਤਮਕ ਝਲਕਾਰਾ ਤਦੋਂ ਵੱਜਦਾ ਹੈ, ਜਦੋਂ ਮਨੁੱਖ ਦੁਨੀਆ ਦੇ ਡਰਾਂ ਤੋਂ ਰਹਿਤ ਹੋ ਜਾਂਦਾ ਹੈ।1।

ਹੇ ਅੰਞਾਣ ਬੈਰਾਗੀ! ਜੋ ਮਨੁੱਖ ਪਰਮਾਤਮਾ-ਖਸਮ ਨੂੰ ਹਰ ਵੇਲੇ ਅੰਗ-ਸੰਗ ਸਮਝਦਾ ਹੈ, ਉਸ ਦੇ ਅੰਦਰ ਉਸ ਦਾ ਡਰ ਪੈਦਾ ਹੁੰਦਾ ਹੈ (ਕਿ ਪ੍ਰਭੂ ਸਾਡੇ ਸਾਰੇ ਕੀਤੇ ਕਰਮਾਂ ਨੂੰ ਵੇਖ ਰਿਹਾ ਹੈ)। ਇਸ ਡਰ ਦੀ ਬਰਕਤਿ ਨਾਲ ਮਨੁੱਖ ਉਸ ਪ੍ਰਭੂ ਦਾ) ਹੁਕਮ ਸਮਝਦਾ ਹੈ (ਭਾਵ, ਇਹ ਸਮਝਣ ਦੀ ਕੋਸ਼ਸ਼ ਕਰਦਾ ਹੈ ਕਿ ਸਾਨੂੰ ਜੀਵਾਂ ਨੂੰ ਕਿਵੇਂ ਜੀਊਣਾ ਚਾਹੀਦਾ ਹੈ) ਤਾਂ ਸੰਸਾਰਕ ਡਰਾਂ ਤੋਂ ਰਹਿਤ ਹੋ ਜਾਂਦਾ ਹੈ (ਕਿਉਂਕਿ ਰਜ਼ਾ ਨੂੰ ਸਮਝ ਕੇ ਸੰਸਾਰਕ ਡਰਾਂ ਵਾਲੇ ਕੰਮ ਕਰਨੇ ਛੱਡ ਦੇਂਦਾ ਹੈ)।2।

ਹੇ ਅੰਞਾਣ ਬੈਰਾਗੀ! (ਇਹ ਤੀਰਥ ਆਦਿਕ ਕਰ ਕੇ) ਪਰਮਾਤਮਾ ਨਾਲ ਠੱਗੀ ਨਾਹ ਕਰੀਏ, ਸਾਰਾ ਜਗਤ (ਤੀਰਥ ਆਦਿਕ ਕਰਨ ਦੇ ਵਹਿਣ ਵਿਚ ਪੈ ਕੇ) ਪਖੰਡ ਵਿਚ ਰੁੱਝਾ ਪਿਆ ਹੈ।3।

ਹੇ ਅੰਞਾਣ ਬੈਰਾਗੀ! (ਪਖੰਡ-ਕਰਮ ਕੀਤਿਆਂ) ਤ੍ਰਿਸ਼ਨਾ ਖ਼ਲਾਸੀ ਨਹੀਂ ਕਰਦੀ, ਸਗੋਂ ਮਾਇਆ ਦੀ ਮਮਤਾ ਸਰੀਰ ਨੂੰ ਸਾੜ ਦੇਂਦੀ ਹੈ।4।

ਹੇ ਅੰਞਾਣ ਬੈਰਾਗੀ! ਜੇ ਮਨੁੱਖ ਦਾ ਮਨ (ਤ੍ਰਿਸ਼ਨਾ ਮਮਤਾ ਵਲੋਂ) ਮਰ ਜਾਏ (ਤਾਂ ਉਹ ਸੱਚਾ ਬੈਰਾਗੀ ਬਣ ਜਾਂਦਾ ਹੈ, ਉਸ ਅਜਿਹੇ ਬੈਰਾਗੀ ਨੇ) ਚਿੰਤਾ ਸਾੜ ਕੇ ਸਰੀਰ (ਦਾ ਮੋਹ) ਸਾੜ ਲਿਆ ਹੈ।5।

(ਪਰ) ਹੇ ਅੰਞਾਣ ਬੈਰਾਗੀ! ਸਤਿਗੁਰੂ (ਦੀ ਸ਼ਰਨ ਆਉਣ) ਤੋਂ ਬਿਨਾ (ਹਿਰਦੇ ਵਿਚ) ਵੈਰਾਗ ਪੈਦਾ ਨਹੀਂ ਹੋ ਸਕਦਾ, ਭਾਵੇਂ ਕੋਈ ਕਿਤਨੀ ਹੀ ਤਾਂਘ ਕਰੇ।6।

(3) ਹੇ ਅੰਞਾਣ ਬੈਰਾਗੀ! ਸਤਿਗੁਰੂ ਤਦੋਂ ਮਿਲਦਾ ਹੈ ਜੇ (ਪ੍ਰਭੂ ਦੀ) ਕਿਰਪਾ ਹੋਵੇ, ਉਹ ਮਨੁੱਖ (ਫਿਰ) ਸਹਿਜੇ ਹੀ (ਵੈਰਾਗ) ਪ੍ਰਾਪਤ ਕਰ ਲੈਂਦਾ ਹੈ।7।

ਹੇ ਕਬੀਰ! ਆਖ—ਹੇ ਅੰਞਾਣ ਬੈਰਾਗੀ! (ਪਖੰਡ ਨਾਲ ਕੁਝ ਨਹੀਂ ਸੌਰਨਾ, ਪ੍ਰਭੂ ਅੱਗੇ) ਇਉਂ ਅਰਦਾਸ ਕਰ, 'ਹੇ ਪ੍ਰਭੂ! ਮੈਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈ'।8।1।8।